# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922


ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਸਰੀ ਸਿਟੀ ਦੀਆਂ ਚੋਣਾਂ ਵਿੱਚ ਵਿਦੇਸ਼ੀ ਦਖ਼ਲ ਅੰਦਾਜ਼ੀ ਦੇ ਦੋਸ਼ਾਂ ਨੇ ਸਿਆਸੀ ਮਾਹੌਲ ਗਰਮਾਇਆ

### ਮੇਅਰ ਅਹੁਦੇ ਦੇ ਉਮੀਦਵਾਰ ਹੋਨਵੀਰ ਰੰਧਾਵਾ ਨੇ ਫੈਡਰਲ ਸਰਕਾਰ ਨੂੰ ਤੁਰੰਤ ਦਖ਼ਲ ਦੇਣ ਦੀ ਅਪੀਲ ਕੀਤੀ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ




ਸਰੀ, 31 ਜੁਲਾਈ : ਸਰੀ ਦੀਆਂ ਨਗਰ ਨਿਗਮ ਚੋਣਾਂ ਵਿੱਚ ਵਿਦੇਸ਼ੀ ਦਖ਼ਲ ਅੰਦਾਜ਼ੀ ਦੇ ਉੱਠੇ ਦੋਸ਼ਾਂ ਨੇ ਸਿਆਸੀ ਮਾਹੌਲ ਨੂੰ ਹੋਰ ਗਰਮਾ ਦਿੱਤਾ ਹੈ। ਮੇਅਰ ਅਹੁਦੇ ਦੇ ਉਮੀਦਵਾਰ ਹੋਨਵੀਰ ਸਿੰਘ ਰੰਧਾਵਾ ਨੇ ਫੈਡਰਲ ਸਰਕਾਰ ਨੂੰ ਤੁਰੰਤ ਦਖ਼ਲ ਦੇਣ ਦੀ ਅਪੀਲ ਕਰਦਿਆਂ ਲੋਕ ਸੁਰੱਖਿਆ ਮੰਤਰੀ ਗੈਰੀ ਆਨੰਦਸੰਗਰੀ ਅਤੇ ਵਿਦੇਸ਼ ਮੰਤਰੀ ਅਨੀਤਾ ਆਨੰਦ ਨੂੰ ਇਸ ਮਾਮਲੇ ਦੀ ਸੁਤੰਤਰ ਅਤੇ ਨਿਰਪੱਖ ਜਾਂਚ ਕਰਵਾਉਣ ਲਈ ਕਿਹਾ ਹੈ।

30 ਜੁਲਾਈ ਨੂੰ ਦੋਵਾਂ ਮੰਤਰੀਆਂ ਨੂੰ ਭੇਜੇ ਪੱਤਰ ਵਿੱਚ ਸ. ਰੰਧਾਵਾ ਨੇ ਲੋਕ ਸੁਰੱਖਿਆ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਦੇਰੀ ਸਰੀ ਦਾ ਦੌਰਾ ਕਰਨ ਅਤੇ ਵਿਦੇਸ਼ੀ ਚੋਣ ਦਖ਼ਲਅੰਦਾਜ਼ੀ ਅਤੇ ਕੈਨੇਡਾ ਦੇ ਲੋਕਤੰਤਰ ਨੂੰ ਦਰਪੇਸ਼ ਸਰਹੱਦ-ਪਾਰ ਖ਼ਤਰਿਆਂ ਬਾਰੇ ਜਨਤਕ ਟਾਊਨ ਹਾਲ ਮੀਟਿੰਗ ਵਿੱਚ ਹਿੱਸਾ ਲੈਣ। ਉਨ੍ਹਾਂ ਕਿਹਾ ਕਿ ਸਰੀ ਦੀ ਨਗਰ ਨਿਗਮ ਚੋਣ ਨਾਲ ਜੁੜੇ ਹਾਲੀਆ ਦੋਸ਼ਾਂ ਕਾਰਨ ਲੋਕਾਂ ਵਿੱਚ ਚਿੰਤਾ ਹੈ ਅਤੇ ਅਜਿਹੇ ਸਮੇਂ ਮੰਤਰੀ ਦੀ ਮੌਜੂਦਗੀ ਲੋਕਾਂ ਦਾ ਭਰੋਸਾ ਬਹਾਲ ਕਰਨ ਲਈ ਬਹੁਤ ਜ਼ਰੂਰੀ ਹੈ।

ਸ. ਰੰਧਾਵਾ, ਜੋ 17 ਅਕਤੂਬਰ ਨੂੰ ਹੋਣ ਵਾਲੀਆਂ ਨਗਰ ਨਿਗਮ ਚੋਣਾਂ ਵਿੱਚ ਕੰਜ਼ਰਵੇਟਿਵ ਪਾਰਟੀ ਆਫ਼ ਸਰੀ ਦੀ ਅਗਵਾਈ ਕਰ ਰਹੇ ਹਨ, ਨੇ ਇਹ ਮੰਗ ਉਸ ਵੇਲੇ ਕੀਤੀ ਹੈ ਜਦੋਂ 28 ਜੁਲਾਈ ਨੂੰ ਸੇਫ਼ ਸਰੀ ਕੋਆਲਿਸ਼ਨ ਦੇ ਮੇਅਰ ਅਹੁਦੇ ਦੇ ਉਮੀਦਵਾਰ ਡੱਗ ਮੈਕੱਲਮ ਨੇ ਚੋਣਾਂ ਵਿੱਚ ਵਿਦੇਸ਼ੀ ਦਖ਼ਲਅੰਦਾਜ਼ੀ ਦਾ ਮੁੱਦਾ ਉਠਾਇਆ ਸੀ। ਆਪਣੇ ਪੱਤਰ ਵਿੱਚ ਸ. ਰੰਧਾਵਾ ਨੇ ਕਿਹਾ ਕਿ ਹਾਲੀਆ ਰਿਪੋਰਟਾਂ ਵਿੱਚ ਇਹ ਗੰਭੀਰ ਦੋਸ਼ ਸਾਹਮਣੇ ਆਏ ਹਨ ਕਿ ਘੱਟੋ-ਘੱਟ ਛੇ ਫੇਸਬੁੱਕ ਪੰਨੇ, ਜੋ ਆਪਣੇ ਆਪ ਨੂੰ ਸਥਾਨਕ ਖ਼ਬਰੀ ਸਰੋਤ ਵਜੋਂ ਪੇਸ਼ ਕਰਦੇ ਹਨ, ਸੰਭਵ ਹੈ ਕਿ ਭਾਰਤ ਤੋਂ ਚਲਾਏ ਅਤੇ ਵਿੱਤੀ ਸਹਾਇਤਾ ਪ੍ਰਾਪਤ ਕਰ ਰਹੇ ਹੋਣ। ਉਨ੍ਹਾਂ ਦਾਅਵਾ ਕੀਤਾ ਕਿ ਇਹ ਪੰਨੇ ਸਰੀ, ਡੈਲਟਾ ਅਤੇ ਵੈਨਕੂਵਰ ਦੇ ਵੋਟਰਾਂ ਨੂੰ ਨਿਸ਼ਾਨਾ ਬਣਾ ਕੇ ਇਸ਼ਤਿਹਾਰ ਵੀ ਚਲਾ ਰਹੇ ਹਨ।

ਹਾਲਾਂਕਿ ਸ. ਰੰਧਾਵਾ ਨੇ ਇਹ ਵੀ ਸਪੱਸ਼ਟ ਕੀਤਾ ਕਿ ਉਹ ਇਨ੍ਹਾਂ ਦੋਸ਼ਾਂ ਨੂੰ ਪੱਕੇ ਤੱਥ ਵਜੋਂ ਪੇਸ਼ ਨਹੀਂ ਕਰ ਰਹੇ ਅਤੇ ਨਾ ਹੀ ਲੋਕਾਂ ਨੂੰ ਬਿਨਾਂ ਸਬੂਤ ਇਨ੍ਹਾਂ 'ਤੇ ਵਿਸ਼ਵਾਸ ਕਰਨ ਲਈ ਕਹਿ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਪਵਿੱਤਰਤਾ ਅਤੇ ਜਨਤਾ ਦੇ ਭਰੋਸੇ ਨੂੰ ਕਾਇਮ ਰੱਖਣ ਲਈ ਇਨ੍ਹਾਂ ਦੋਸ਼ਾਂ ਦੀ ਤੁਰੰਤ, ਸੁਤੰਤਰ ਅਤੇ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਸਰੀ ਦੇ ਵਸਨੀਕਾਂ ਨੂੰ ਸੱਚਾਈ ਦਾ ਪਤਾ ਲੱਗ ਸਕੇ।

ਹੋਨਵੀਰ ਸਿੰਘ ਰੰਧਾਵਾ ਨੇ ਲੋਕ ਸੁਰੱਖਿਆ ਮੰਤਰੀ ਨੂੰ ਇਹ ਵੀ ਅਪੀਲ ਕੀਤੀ ਕਿ ਸਰਕਾਰ ਭਾਈਚਾਰਕ ਆਗੂਆਂ, ਚੋਣ ਉਮੀਦਵਾਰਾਂ, ਸਮਾਜਿਕ ਕਾਰਕੁਨਾਂ ਅਤੇ ਧਾਰਮਿਕ ਸੰਸਥਾਵਾਂ ਦੀ ਸੁਰੱਖਿਆ ਲਈ ਤੁਰੰਤ ਅਤੇ ਅਗਾਊਂ ਕਦਮ ਚੁੱਕਣ ਦਾ ਐਲਾਨ ਕਰੇ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਧਮਕੀ ਜਾਂ ਡਰ ਦੇ ਮਾਹੌਲ ਨੂੰ ਰੋਕਣਾ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਇਸ ਲਈ ਪ੍ਰਭਾਵਿਤ ਵਰਗਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਣੀ ਚਾਹੀਦੀ ਹੈ।

## ਪੰਜਾਬ ਤੇ ਹਰਿਆਣਾ ਦੇ ਰਾਜਪਾਲ 1 ਅਗਸਤ ਨੂੰ ਲਾਅ ਯੂਨੀਵਰਸਿਟੀ ਵਿਖੇ 'ਯੁੱਧ ਨਸ਼ਿਆਂ ਵਿਰੁੱਧ' 'ਤੇ ਰਾਸ਼ਟਰੀ ਕਾਨਫਰੰਸ 'ਚ ਹੋਣਗੇ ਸ਼ਾਮਲ- ਵੀਸੀ ਡਾ. ਪੁਸ਼ਪਿੰਦਰ ਸਿੰਘ ਗਿੱਲ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 31 ਜੁਲਾਈ : ਪੰਜਾਬ ਅਤੇ ਹਰਿਆਣਾ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਅਤੇ ਪ੍ਰੋ. ਅਸ਼ੀਮ ਕੁਮਾਰ ਘੋਸ਼ 1 ਅਗਸਤ ਨੂੰ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ, ਵਿਖੇ "ਯੁੱਧ ਨਸ਼ਿਆਂ ਵਿਰੁੱਧ – ਨਸ਼ਿਆਂ ਵਿਰੁੱਧ ਜੰਗ" 'ਤੇ ਕਰਵਾਈ ਜਾ ਰਹੀ ਇੱਕ ਰਾਸ਼ਟਰੀ ਕਾਨਫਰੰਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਹ ਪ੍ਰਗਟਾਵਾ, ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪੁਸ਼ਪਿੰਦਰ ਸਿੰਘ ਗਿੱਲ ਨੇ ਕੀਤਾ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰੋ ਗਿੱਲ ਨੇ ਦੱਸਿਆ ਕਿ ਇਹ ਕਾਨਫਰੰਸ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਅਤੇ ਪੰਜਾਬੀ ਯੂਨੀਵਰਸਿਟੀ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਕਾਨਫਰੰਸ ਦੇ ਪ੍ਰਬੰਧਕੀ ਸਕੱਤਰ ਡਾ. ਜਸਲੀਨ ਕੇਵਲਾਨੀ, ਡੀਨ ਅਕਾਦਮਿਕ ਡਾ. ਨਰੇਸ਼ ਕੁਮਾਰ ਵਤਸ, ਡੀਨ ਖੋਜ ਡਾ. ਕਮਲਜੀਤ ਕੌਰ, ਪ੍ਰਬੰਧਕੀ ਕਮੇਟੀ ਤੇ ਫੈਕਲਟੀ ਮੈਂਬਰ ਵੀ ਹਾਜ਼ਰ ਸਨ।



ਪ੍ਰੋਫੈਸਰ ਗਿੱਲ ਨੇ ਕਿਹਾ ਕਿ ਕਾਨਫਰੰਸ ਦਾ ਉਦੇਸ਼ ਨਸ਼ਿਆਂ ਦੀ ਦੁਰਵਰਤੋਂ ਦੀ ਵਧ ਰਹੀ ਚੁਣੌਤੀ 'ਤੇ ਵਿਚਾਰ-ਵਟਾਂਦਰਾ ਕਰਨਾ ਅਤੇ ਵਿਦਿਅਕ ਸੰਸਥਾਵਾਂ, ਕਾਨੂੰਨੀ ਜਾਗਰੂਕਤਾ, ਖੇਡਾਂ, ਪੁਨਰਵਾਸ ਅਤੇ ਭਾਈਚਾਰਕ ਭਾਗੀਦਾਰੀ ਨੂੰ ਸ਼ਾਮਲ ਕਰਨ ਵਾਲੀ ਇੱਕ ਵਿਆਪਕ ਰਣਨੀਤੀ ਦੀ ਪੜਚੋਲ ਕਰਨਾ ਹੈ। ਉਨ੍ਹਾਂ ਨੇ ਪੰਜਾਬ ਵਿੱਚ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਮੁਹਿੰਮ ਦੀ ਅਗਵਾਈ ਕਰਨ ਵਿੱਚ

ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਦੀ ਸਰਗਰਮ ਅਗਵਾਈ ਅਤੇ ਵਚਨਬੱਧਤਾ ਨੂੰ ਵੀ ਉਜਾਗਰ ਕੀਤਾ।

ਸਪੋਰਟਸ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਨੇ ਨਸ਼ਿਆਂ ਵਿਰੁੱਧ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ, ਰੋਕਥਾਮ ਸਿੱਖਿਆ ਨੂੰ ਉਤਸ਼ਾਹਿਤ ਕਰਨ, ਖੋਜ ਨੂੰ ਉਤਸ਼ਾਹਿਤ ਕਰਨ ਅਤੇ ਨਸ਼ਾ ਛੁਡਾਊ ਅਤੇ ਪੁਨਰਵਾਸ ਪਹਿਲਕਦਮੀਆਂ ਦਾ ਸਮਰਥਨ ਕਰਨ ਵਿੱਚ ਉੱਚ ਸਿੱਖਿਆ ਸੰਸਥਾਵਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ।

ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਨੌਜਵਾਨਾਂ ਨੂੰ ਨਸ਼ਿਆਂ ਦੀ ਦੁਰਵਰਤੋਂ ਤੋਂ ਦੂਰ ਰੱਖਣ ਵਿੱਚ ਖੇਡਾਂ ਦੀ ਮਹੱਤਤਾ, ਜਾਗਰੂਕਤਾ ਅਤੇ ਜਵਾਬਦੇਹੀ ਨੂੰ ਉਤਸ਼ਾਹਿਤ ਕਰਨ ਵਿੱਚ ਕਾਨੂੰਨੀ ਸਿੱਖਿਆ ਦੀ ਭੂਮਿਕਾ, ਅਤੇ ਪੰਜਾਬ ਨੂੰ ਨਸ਼ਾ ਮੁਕਤ, ਸਿਹਤਮੰਦ ਅਤੇ ਖੁਸ਼ਹਾਲ ਰਾਜ ਬਣਾਉਣ ਵਿੱਚ ਵਿਦਿਅਕ ਸੰਸਥਾਵਾਂ, ਸਿਵਲ ਸਮਾਜ, ਸਰਕਾਰੀ ਏਜੰਸੀਆਂ ਅਤੇ ਸਥਾਨਕ ਭਾਈਚਾਰਿਆਂ ਦੀ ਸਮੂਹਿਕ ਜ਼ਿੰਮੇਵਾਰੀ 'ਤੇ ਵੀ ਜ਼ੋਰ ਦਿੱਤਾ।

## ਪੰਜਾਬੀ ਭਾਈਚਾਰੇ ਲਈ ਮਾਣ

### ਵੈਨਕੂਵਰ ਸਿਟੀ ਕੌਂਸਲ ਵੱਲੋਂ 28 ਜੁਲਾਈ ਨੂੰ 'ਸੁੱਚਾ ਸਿੰਘ ਕਲੇਰ ਦਿਵਸ' ਐਲਾਨਿਆ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਵੈਨਕੂਵਰ, 31 ਜੁਲਾਈ : ਵੈਨਕੂਵਰ ਦੀ ਇਤਿਹਾਸਕ ਪੰਜਾਬੀ ਮਾਰਕੀਟ ਦੀ ਸਥਾਪਨਾ ਅਤੇ ਪੰਜਾਬੀ ਭਾਈਚਾਰੇ ਦੀ ਸਮਾਜਿਕ ਤੇ ਸੱਭਿਆਚਾਰਕ ਉੱਨਤੀ ਵਿੱਚ ਪਾਏ ਯੋਗਦਾਨ ਲਈ ਉੱਘੇ ਲੇਖਕ, ਸਮਾਜ ਸੇਵੀ ਅਤੇ ਕਾਰੋਬਾਰੀ ਸੁੱਚਾ ਸਿੰਘ ਕਲੇਰ ਨੂੰ ਵੈਨਕੂਵਰ ਸਿਟੀ ਹਾਲ ਵੱਲੋਂ ਵਿਸ਼ੇਸ਼ ਸਨਮਾਨ ਦਿੱਤਾ ਗਿਆ ਹੈ। ਵੈਨਕੂਵਰ ਦੇ ਮੇਅਰ ਕੇਨ ਸਿਮ ਨੇ ਸਿਟੀ ਕੌਂਸਲ ਦੀ ਤਰਫ਼ੋਂ 28 ਜੁਲਾਈ ਨੂੰ ਅਧਿਕਾਰਤ ਤੌਰ 'ਤੇ 'ਸੁੱਚਾ ਸਿੰਘ ਕਲੇਰ ਦਿਵਸ' ਵਜੋਂ ਮਨਾਉਣ ਦਾ ਐਲਾਨਨਾਮਾ ਜਾਰੀ ਕੀਤਾ।




ਵਰਨਣਯੋਗ ਹੈ ਕਿ ਸੁੱਚਾ ਸਿੰਘ ਕਲੇਰ 1969 ਵਿੱਚ ਕੈਨੇਡਾ ਆਏ ਅਤੇ 1970 ਵਿੱਚ ਵੈਨਕੂਵਰ ਦੀ ਮੇਨ ਸਟਰੀਟ 'ਤੇ 'ਸ਼ਾਨ ਸਾੜੀਜ਼ ਐਂਡ ਡ੍ਰੇਪਰੀ' ਦੀ ਸਥਾਪਨਾ ਕੀਤੀ। ਉਨ੍ਹਾਂ ਨੇ ਉਸ ਸਮੇਂ ਪੰਜਾਬੀ ਭਾਈਚਾਰੇ ਨੂੰ ਇਕੱਠਾ ਕਰਕੇ ਇਸ ਇਲਾਕੇ ਦੀ ਪਛਾਣ ਨੂੰ ਮਜ਼ਬੂਤ ਕਰਨ ਲਈ ਯਤਨ ਕੀਤੇ, ਜਿਸ ਦੇ ਸਿੱਟੇ ਵਜੋਂ ਇਹ ਖੇਤਰ 'ਵੈਨਕੂਵਰਜ਼ ਹਿਸਟੌਰਿਕ ਪੰਜਾਬੀ ਮਾਰਕੀਟ' ਵਜੋਂ ਜਾਣਿਆ ਜਾਣ ਲੱਗਾ।

ਕਾਰੋਬਾਰ ਦੇ ਨਾਲ-ਨਾਲ ਉਹ ਸਾਹਿਤ ਅਤੇ ਪੱਤਰਕਾਰੀ ਦੇ ਖੇਤਰ ਵਿੱਚ ਵੀ ਸਰਗਰਮ ਰਹੇ ਹਨ। ਉਨ੍ਹਾਂ ਨੇ ਅੱਧੀ ਦਰਜਨ ਤੋਂ ਵੱਧ ਪੁਸਤਕਾਂ ਲਿਖੀਆਂ ਅਤੇ ਹਫ਼ਤਾਵਾਰੀ ਅਖ਼ਬਾਰ ਇੰਡੋ-ਕੈਨੇਡੀਅਨ ਟਾਈਮਜ਼ਲਈ ਲੰਬੇ ਸਮੇਂ ਤੱਕ ਨਿਯਮਤ ਲੇਖ ਲਿਖੇ। ਇਸ ਤੋਂ ਇਲਾਵਾ ਉਹ ਕੈਨੇਡੀਅਨ ਕੈਂਸਰ ਸੁਸਾਇਟੀ ਦੇ ਡਾਇਰੈਕਟਰ, ਪੰਜਾਬੀ ਮਾਰਕੀਟ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸਨਸੈੱਟ ਇੰਡੋ-ਕੈਨੇਡੀਅਨ ਸੀਨੀਅਰਜ਼ ਸੁਸਾਇਟੀ ਦੇ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ।

ਵੈਨਕੂਵਰ ਸਿਟੀ ਹਾਲ ਵਿੱਚ ਕਰਵਾਏ ਗਏ ਸਮਾਗਮ ਵਿੱਚ ਸੁੱਚਾ ਸਿੰਘ ਕਲੇਰ ਦੇ ਪਰਿਵਾਰਕ ਮੈਂਬਰਾਂ ਅਤੇ ਭਾਈਚਾਰੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਭਾਰਤ ਦੇ ਸਾਬਕਾ ਰਾਜਦੂਤ ਜ਼ਿਲ੍ਹੇ ਸਿੰਘ ਨੇ ਕਿਹਾ ਕਿ ਸੁੱਚਾ ਸਿੰਘ ਕਲੇਰ ਨੇ ਨਿਮਰਤਾ, ਸਮਰਪਣ ਅਤੇ ਸੇਵਾ ਦੀ ਭਾਵਨਾ ਨਾਲ ਭਾਈਚਾਰੇ ਦੀ ਲੰਬੇ ਸਮੇਂ ਤੱਕ ਸੇਵਾ ਕੀਤੀ ਹੈ। ਉਨ੍ਹਾਂ ਨੇ ਕਲੇਰ ਦੀ ਵਿਛੜ ਚੁੱਕੀ ਜੀਵਨ ਸਾਥਣ ਦੇ ਯੋਗਦਾਨ ਨੂੰ ਵੀ ਯਾਦ ਕੀਤਾ ਅਤੇ ਪਰਿਵਾਰਕ ਮੈਂਬਰਾਂ ਦੀ ਸ਼ਲਾਘਾ ਕੀਤੀ, ਜੋ ਉਨ੍ਹਾਂ ਦੀ ਸੇਵਾ-ਸੰਭਾਲ ਕਰ ਰਹੇ ਹਨ।

ਸਮਾਗਮ ਦੇ ਅੰਤ ਵਿੱਚ ਸੁੱਚਾ ਸਿੰਘ ਕਲੇਰ ਅਤੇ ਉਨ੍ਹਾਂ ਦੇ ਪੁੱਤਰ ਮਨਜੀਤ ਸਿੰਘ ਨੇ ਮੇਅਰ ਕੇਨ ਸਿਮ ਅਤੇ ਵੈਨਕੂਵਰ ਸਿਟੀ ਕੌਂਸਲ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਸਨਮਾਨ ਸਿਰਫ਼ ਉਨ੍ਹਾਂ ਲਈ ਨਹੀਂ, ਸਗੋਂ ਸਮੁੱਚੇ ਪੰਜਾਬੀ ਭਾਈਚਾਰੇ ਲਈ ਮਾਣ ਵਾਲੀ ਗੱਲ ਹੈ।

## ਸ਼ਹੀਦ ਊਧਮ ਸਿੰਘ ਸ਼ਹੀਦੀ ਦਿਵਸ ਮੌਕੇ "ਖੇਤੀ ਸੰਕਟ" ਬਾਰੇ ਸਰਬਪੱਖੀ ਪੁਸਤਕ ਪ੍ਰੋ. ਗੁਰਭਜਨ ਸਿੰਘ ਗਿੱਲ, ਕ ਕ ਬਾਵਾ ਤੇ ਖੁਸ਼ਵੰਤ ਬਰਗਾੜੀ ਵੱਲੋਂ ਲੋਕ ਅਰਪਣ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾਃ 31 ਜੁਲਾਈ : ਸ਼ਹੀਦ ਊਧਮ ਸਿੰਘ ਜੀ ਦੀ 87ਵੀਂ ਬਰਸੀ ਮੌਕੇ ਲੁਧਿਆਣਾ ਵਿੱਚ ਪੰਜਾਬੀ ਲੋਕ ਵਿਰਾਸਤ ਅਕਾਡਮੀ ਵੱਲੋਂ ਡਾ. ਸਟਾਲਿਨਜੀਤ ਸਿੰਘ ਬਰਾੜ ਵੱਲੋਂ ਸੱਪਾਦਿਤ ਪੁਸਤਕ"ਖੇਤੀ ਸੰਕਟ(ਪਰਾਲੀ, ਪਾਣੀ ਅਤੇ ਫ਼ਸਲੀ ਵੰਨ ਸੁਵੰਨਤਾ ਦੇ ਪ੍ਰਸੰਗ ਵਿੱਚ) ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ, ਬਾਬਾ ਬੰਦਾ ਸਿੰਘ ਬਹਾਦਰ ਫਾਉਂਡੇਸ਼ਨ ਦੇ ਚੇਅਰਮੈਨ ਕ ਕ ਬਾਵਾ ਤੇ ਪੀਪਲਜ਼ ਫੋਰਮ ਬਰਗਾੜੀ (ਫਰੀਦਕੋਟ) ਦੇ ਸੰਚਾਲਕ ਖੁਸ਼ਵੰਤ ਬਰਗਾੜੀ ਨੇ ਲੋਕ ਅਰਪਣ ਕੀਤੀ।

ਇਸ ਮੌਕੇ ਬੋਲਦਿਆਂ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਦੱਸਿਆ ਕਿ ਸ਼ਹੀਦ ਊਧਮ ਸਿੰਘ ਗਦਰ ਲਹਿਰ ਦਾ ਉਹ ਸੂਰਮਾ ਸੀ ਜਿਸ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਸ਼ਹੀਦ ਭਗਤ ਸਿੰਘ ਜੇ ਪਦ ਚਿੰਨ੍ਹਾਂ ਤੇ ਚੱਲਦਿਆਂ ਪੂਰੀ ਦੁਨੀਆਂ ਵਿੱਚ ਇਨਕਲਾਬੀ ਸਰਗਰਮੀਂ ਕੀਤੀਆਂ ਅਤੇ ਕੈਕਸਟਨ ਹਾਲ ਲੰਡਨ ਵਿੱਚ ਸ਼ੇਖੀਆਂ ਮਾਰਦੇ ਸਰ ਮਾਈਕਲ ਓਡਵਾਇਰ ਨੂੰ ਮਾਰ ਕੇ ਕੌਮੀ ਅਪਮਾਨ ਦਾ ਬਦਲਾ ਲਿਆ। ਸੁਨਾਮ ਦੇ ਜੰਮਪਲ ਇਸ ਮਹਾਨ ਸਪੂਤ ਨੇ 21 ਸਾਲ ਇਹ ਸੁਪਨਾ ਸੰਭਾਲ ਕੇ ਰੱਖਿਆ ਕਿ 13 ਅਪ੍ਰੈਲ 1919 ਨੂੰ ਹੋਏ ਕਤਲੇਆਮ ਲਈ ਜ਼ਿੰਮੇਵਾਰ ਨੂੰ ਸੋਧਣਾ ਹੀ ਹੈ।

ਪ੍ਰੋ. ਗੁਰਭਜਨ ਸਿੰਘ ਗਿੱਲ ਵੇ ਕਿਹਾ ਕਿ ਖੇਤੀ ਸੰਕਟ ਬਾਰੇ ਅੱਜ ਦੇ ਦਿਨ ਇਸ ਪੁਸਤਕ ਦਾ ਲੋਕ ਅਰਪਣ ਕਰਨਾ ਵੀ ਸੂਰਮੇ ਸ਼ਹੀਦ ਨੂੰ ਸ਼ਰਧਾਂਜਲੀਆਂ ਸਮਝੋ।

ਪ੍ਰੋ. ਗਿੱਲ ਨੇ ਕਿਹਾ ਕਿ ਬੀਜ਼, ਖਾਦ, ਨਦੀਨ ਨਾਸ਼ਕ, ਕੀਟ ਨਾਸ਼ਕ, ਬਿਮਾਰੀ ਨਾਸ਼ਕ ਜ਼ਹਿਰਾਂ ਬਾਰੇ ਸਹੀ ਤਕਨੀਕੀ ਗਿਆਨ ਦੇਣ ਵਾਲੇ ਸਰਕਾਰੀ ਕੇਂਦਰਾਂ ਦੀ ਥਾਂ ਖੇਤੀ ਸਾਧਨ ਮੁਹੱਈਆ ਕਰਵਾਉਣ ਵਾਲੇ ਜ਼ਿੰਮੇਵਾਰ ਦੁਕਾਨਦਾਰਾਂ ਨੂੰ ਗਿਆਨ ਵਿਗਿਆਨ ਕੇਂਦਰ ਵਜੋਂ ਵਿਕਸਤ ਕਰਨਾ ਪਵੇਗਾ। ਉਨ੍ਹਾਂ ਦਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਖੇਤੀਬਾੜੀ ਅਤੇ ਬਾਗਬਾਨੀ ਨਾਲ ਸੰਬੰਧਿਤ ਵਿਭਾਗਾਂ ਅਤੇ ਅਦਾਰਿਆਂ ਨਾਲ ਇਲੈਕਟ੍ਰਾਨਿਕ ਤਾਲਮੇਲ ਲਾਜ਼ਮੀਂ ਬਣਾਉਣਾ ਪਵੇਗਾ ਤਾਂ ਜੋ ਜਿਹੜੀ ਗੱਲ ਦੀ ਸਮਝ ਕਿਸਾਨ ਨੂੰ ਨਾ ਆਵੇ,ਦੁਕਾਨਦਾਰ ਵੀ ਸਪੱਸ਼ਟ ਨਾ ਹੋਵੇ ਤਾਂ ਉਹ ਸਹੀ ਜਾਣਕਾਰੀ ਟਕਸਾਲੀ ਅਦਾਰਿਆਂ ਤੋਂ ਲੈ ਕੇ ਵੰਡ ਸਕੇ। ਸਹਿਕਾਰੀ ਸਭਾਵਾਂ ਨੂੰ ਖੇਤੀ ਵਿਕਾਸ ਕੇਂਦਰਾਂ ਵਜੋਂ ਵਿਕਸਤ ਕਰਨ ਦੀ ਗੱਲ ਪਹਿਲਾਂ ਕੁਝ ਜ਼ਿਲ੍ਹਿਆਂ ਵਿੱਚ ਬਹੁਤ ਤੇਜੀ ਨਾਲ ਤੁਰੀ ਸੀ ਅਤੇ ਉਥੋਂ ਚੰਗੇ ਨਤੀਜੇ ਵੀ ਹਾਸਲ ਹੋਏ ਹਨ। ਬਾਬਾ ਬੰਦਾ ਸਿੰਘ ਬਹਾਦਰ ਫਾਉਂਡੇਸ਼ਨ ਦੇ ਚੇਅਰਮੈਨ ਕ ਕ ਬਾਵਾ ਨੇ ਕਿਹਾ ਕਿ ਸਭ ਤੋਂ ਵੱਡਾ ਸੰਕਟ ਕਿਰਤ ਸੱਭਿਆਚਾਰ ਤੋਂ ਕਿਸਾਨ ਵੀਰਾਂ ਦਾ ਦੂਰ ਹੋਣਾ ਵੀ ਹੇ। ਸਾਨੂੰ ਸਹਿਕਾਰੀ ਸਭਾਵਾਂ ਰਾਹੀ ਖੇਤੀ ਗਿਆਨ ਪਾਸਾਰ ਦਾ ਆਧਾਰ ਖੇਤੀਬਾੜੀ ਸਾਹਿਤ ਰੀਹੀ ਕਰਨਾ ਚਾਹੀਦਾ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਸੰਪਰੂਨ ਪੁਣ-ਛਾਣ ਉਪਰੰਤ ਪ੍ਰਕਾਸ਼ਿਤ ਕੀਤਾ ਜਾਂਦਾ ਮਾਸਕ ਪੱਤਰ 'ਚੰਗੀ ਖੇਤੀ', 'ਹਾੜੀ ਸਾਉਣੀ ਦੀਆਂ ਫ਼ਸਲਾਂ ਬਾਰੇ ਸਿਫਾਰਸ਼ਾਂ' ਨੂੰ ਹਰ ਕਿਸਾਨ ਪਰਿਵਾਰ ਤੱਕ ਪਹੁੰਚਾਉਣ ਲਈ ਇੱਕ ਮੁੱਠ ਹੱਲ ਦੀ ਲੋੜ ਹੈ। ਇੱਕ ਵਾਰ ਕੀਤਾ ਖਰਚਾ ਉਮਰ ਭਰ ਲਈ ਕਿਸਾਨ ਵੀਰਾਂ ਨੂੰ ਗਿਆਨਧਾਰਾ ਨਾਲ ਜੋੜੇਗਾ ਅਤੇ ਆਪਣਾ ਭਲਾ ਬੁਰਾ ਵਿਚਾਰਨ ਵਿੱਚ ਵੀ ਉਹ ਇਸ ਸਾਹਿਤ ਦੀ ਮਦਦ ਲੈ ਸਕੇਗਾ।

ਇਸ ਮੈਕੇ ਬੋਲਦਿਆਂ ਖੁਸ਼ਵੰਤ ਬਰਗਾੜੀ ਨੇ ਕਿਹਾ ਕਿ ਝੋਨੇ ਦੀ ਕਟਾਈ ਉਪਰੰਤ ਪਰਾਲੀ ਨੂੰ ਖੇਤਾਂ ਵਿੱਚ ਸਾੜਨ ਨਾਲ ਪੈਦਾ ਹੁੰਦਾ ਜ਼ਹਿਰੀਲਾ ਧੂੰਆਂ ਹਵਾ ਦੀ ਨਮੀਂ ਵਿੱਚ ਘੁਲ ਜਾਂਦਾ ਹੈ ਤੇ ਉਹ ਸੜਕਾਂ ਉਪਰ ਚਲਦੀ ਆਵਾਜਾਈ ਲਈ ਹਾਸਦਿਆਂ ਦਾ ਕਾਰਨ ਬਣਦਾ ਹੈ। ਹਰ ਸਾਲ ਸਾਡੀ ਉਕਾਈ ਕਾਰਨ ਮਨੁੱਖੀ ਜਾਨਾਂ ਦਾ ਘਾਣ ਹੁੰਦਾ ਹੈ । ਡਾ. ਸਟਾਲਿਨਜੀਤ ਸਿੰਘ ਬਰਾੜ ਨੇ ਸਿਰਫ ਪਰਾਲੀ ਪ੍ਰਬੰਧਨ ਵੱਲ ਧਿਆਨ ਨਹੀਂ ਦਿੱਤਾ ਸਗੋਂ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਬਦਲਵੇਂ ਪ੍ਰਬੰਧ ਕਰ ਰਹੇ ਕਿਸਾਨ ਗਰੁੱਪਾਂ ਦੇ ਤਜ਼ਰਬਿਆਂ 'ਤੇ ਅਧਾਰਿਤ ਲੇਖ ਵੀ ਇਸ ਪੁਸਤਕ ਵਿੱਚ ਸ਼ਾਮਲ ਕੀਤੇ ਹਨ।

'ਗਦਰੀ ਬਾਬਾ ਦੁੱਲਾ ਸਿੰਘ ਗਿਆਨੀ ਨਿਹਾਲ ਸਿੰਘ ਫਾਊਂਡੇਸ਼ਨ' ਜਲਾਲਾਦੀਵਾਲ ਵੱਲੋਂ ਰਾਏਕੋਟ ਖਿੱਤੇ ਦੇ ਪਿੰਡਾਂ ਵਿੱਚ ਹਜ਼ਾਰਾਂ ਏਕੜ ਝੋਨੇ ਦੀ ਸਿੱਧੀ ਬਜਾਈ ਅਤੇ ਪਰਾਲੀ ਨਾ ਸਾੜਨ ਉਪਰੰਤ ਕਣਕ ਦੀ ਹੈਪੀ ਸੀਡਰ, ਸੁਪਰ ਸੀਡਰ ਅਤੇ ਹੋਰ ਮਸ਼ੀਨਾ ਨਾਲ ਬਿਜਾਈ ਨਾਲ ਤਜਰਬੇ ਲਿਖਤੀ ਰੂਪ ਵਿੱਚ ਵੀ ਸਾਂਝੇ ਕੀਤੇ ਹਨ। ਇਸ ਤਰ੍ਹਾਂ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਸਾਰਚੂਰ ਵਿੱਚ ਵਸਦੇ ਅਗਾਂਹਵਧੂ ਕਿਸਾਨ ਗੁਰਬਿੰਦਰ ਸਿੰਘ ਬਾਜਵਾ ਅਤੇ ਉਸ ਦੇ ਸਾਥੀਆਂ ਵੱਲੋਂ ਵਿਗਿਆਨ ਅਧਾਰਿਤ ਖੇਤੀ ਦਾ ਮਾਡਲ ਵਿਕਸਤ ਕਰਨ ਸੰਬੰਧੀ ਨੂੰ ਵੀ ਇਸ ਪੁਸਤਕ ਦਾ ਹਿੱਸਾ ਬਣਾਇਆ ਹੈ। ਖੇਤੀਬਾੜੀ ਅਰਥਚਾਰੇ ਨਾਲ ਸੰਬੰਧਿਤ ਮਾਹਰਾਂ ਡਾ. ਸੁੱਚਾ ਸਿੰਘ ਗਿੱਲ, ਡਾ. ਰਣਜੀਤ ਸਿੰਘ ਘੁੰਮਣ, ਡਾ. ਗਿਆਨ ਸਿੰਘ, 'ਪੰਜਾਬ ਰਾਜ ਕਿਸਾਨ ਅਤੇ ਖੇਤੀ ਕਾਮੇ ਕਮਿਸ਼ਨ' ਦੇ ਚੇਅਰਮੈਨ ਡਾ. ਸੁਖਪਾਲ ਸਿੰਘ, ਸ.ਸ. ਛੀਨਾ, ਡਾ. ਕੇਸਰ ਸਿੰਘ ਭੰਗੂ, ਭੋਜਨ ਅਤੇ ਵਪਾਰ ਨੀਤੀ ਵਿਸ਼ਲੇਸ਼ਕ ਦਵਿੰਦਰ ਸ਼ਰਮਾ, ਇਕਨਾਮਿਕ ਐਂਡ ਪੋਲੀਟੀਕਲ ਵੀਕਲੀ ਦੇ ਸੰਪਾਦਕ ਟੀਕੇ ਅਰੁਣ, ਕੁਸ਼ਲ ਪ੍ਰਸ਼ਾਸ਼ਿਕ ਅਤੇ ਖੇਤੀਬਾੜੀ ਦੀ ਅੰਦਰੋਂ ਥਾਹ ਪਾਉਣ ਵਾਲੇ ਸ. ਕਾਹਨ ਸਿੰਘ ਪੰਨੂ ਦੀਆਂ ਲਿਖਤਾਂ ਸਾਡੇ ਲਈ ਰਾਹ ਦਸੇਰਾ ਬਣਦੀਆਂ ਹਨ। ਇਹ ਪੁਸ਼ਤ ਪੀਪਲਜ਼ ਫੋਰਮ ਵੱਲੋਂ ਪ੍ਰਕਾਸ਼ਿਤ ਕੀਤੀ ਗਈ ਹੈ।

## 31 ਜੁਲਾਈ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਤੇ।

### ਮੈਨੂੰ ਫੜ ਲਓ ਲੰਡਨ ਵਾਸੀਓ



ਵਰਲਡ ਪੰਜਾਬੀ ਟਾਈਮਜ਼
ਦੀਵਾਨ ਸਿੰਘ ਮਹਿਰਮ

ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਮੈਂ ਕਾਤਲ ਉਡਵਾਇਰ ਦਾ, ਮੈਂ ਗੋਲੀ ਮਾਰੀ।
ਮੈਂ ਇਕਬਾਲੀ ਜੁਰਮ ਦਾ, ਨਹੀਂ ਜਿੰਦ ਪਿਆਰੀ।
ਮੈਂ ਨੱਸਣਾ ਮੂਲ ਨਹੀਂ ਚਾਹੁੰਦਾ, ਕੋਈ ਮਾਰ ਉਡਾਰੀ।
ਮੈਂ ਪੇਸ਼ ਕਰਾਂ ਖ਼ੁਦ ਆਪ ਨੂੰ, ਕੋਈ ਨਹੀਂ ਲਚਾਰੀ।
ਮੈਂ ਉੱਚੀ ਉੱਚੀ ਬੋਲ ਕੇ, ਲਾਉਂਦਾ ਹਾਂ ਟਾਹਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਮੈਂ ਵਾਸੀ ਦੇਸ ਪੰਜਾਬ ਦਾ, ਜੋਧਾ ਬਲਕਾਰੀ।
ਮੇਰਾ ਊਧਮ ਸਿੰਘ ਏ ਨਾਮ ਸੁਣੋ, ਸਾਰੇ ਨਰ ਨਾਰੀ।
ਮੈਂ ਆਇਆ ਦੂਰੋਂ ਚੱਲ ਕੇ, ਕਟ ਮਨਜ਼ਲ ਭਾਰੀ।
ਮੈਂ ਦੁਸ਼ਮਣ ਦੀ ਹਿੱਕ ਸਾੜ ਕੇ, ਅੱਜ ਛਾਤੀ ਠਾਰੀ।
ਮੇਰੀ ਸਫ਼ਲ ਹੋ ਗਈ ਯਾਤਰਾ, ਲੱਖ ਸ਼ੁਕਰ ਗੁਜਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਇਹ ਉਹ ਜ਼ਾਲਮ ਉਡਵਾਇਰ ਜੇ, ਜਿਹਦੀ ਕਥਾ ਨਿਆਰੀ।
ਜੋ ਜਲ੍ਹਿਆਂ ਵਾਲੇ ਬਾਗ ਦਾ, ਸੀ ਅੱਤਿਆਚਾਰੀ।
ਜਿਨ੍ਹ ਭੁੰਨੀ ਤੋਪਾਂ ਡਾਹ ਕੇ, ਖਲਕਤ ਵੇਚਾਰੀ।
ਜਿਹਦੇ ਸਿਰ ਉੱਤੇ ਥਾਂ ਹੈਟ ਦੀ, ਪਾਪ ਦੀ ਖਾਰੀ।
ਮੈਂ ਸੌਂਹ ਖਾਧੀ ਸੀ ਉਸ ਦਿਨ, ਪਾਪੀ ਨੂੰ ਮਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਮੈਂ ਹਾਂ ਅਣਖੀਲਾ ਗਭਰੂ, ਮੇਰੀ ਗੈਰਤ ਭਾਰੀ।
ਮੇਰੀ ਛਾਤੀ ਪਰਬਤ ਵਾਂਗਰਾਂ, ਤੇ ਭੁਜਾ ਕਰਾਰੀ।
ਮੈਂ ਭਗਤ ਸਿੰਘ ਦਾ ਦਾਸ ਹਾਂ, ਮੈਨੂੰ ਮੌਤ ਪਿਆਰੀ।
ਮੈਂ ਲੱਗ ਕੇ ਲੇਖੇ ਵਤਨ ਦੇ, ਲੈਣੀ ਸਰਦਾਰੀ।
ਮੇਰੇ ਸੱਜਣ ਘਰ ਘਰ ਬੈਠ ਕੇ, ਗਾਵਨਗੇ ਵਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਮੈਂ ਮੋੜੀ ਭਾਜੀ ਦੇਸ ਦੀ, ਕਰ ਕੇ ਹੁਸ਼ਿਆਰੀ।
ਇਉਂ ਜਗ ਵਿਚ ਅਣਖੀ ਸੂਰਮੇ, ਲਾਹ ਲੈਂਦੇ ਵਾਰੀ।
ਮੇਰੀ ਰੂਹ ਨੂੰ ਮਾਰ ਨਹੀਂ ਸਕਦੀ, ਕੋਈ ਛੁਰੀ ਕਟਾਰੀ।
ਮੇਰੀ ਮੌਤ 'ਚ ਜੀਵਨ ਕੌਮ ਦਾ, ਮਰਨਾ ਗੁਣਕਾਰੀ।
ਮੈਂ ਸਬਰ ਵਿਖਾ ਕੇ ਗਜ਼ਬ ਦਾ, ਲੱਖ ਜਬਰ ਸਹਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਮੈਂ ਦੋਸ਼ੀ ਵਤਨ ਪਿਆਰ ਦਾ, ਮੈਨੂੰ ਚੜ੍ਹੀ ਖੁਮਾਰੀ।
ਮੈਨੂੰ ਵਿਚ ਸ਼ਕੰਜੇ ਕੱਸ ਕੇ, ਸਿਰ ਫੇਰੋ ਆਰੀ।
ਮੇਰਾ ਪੁਰਜਾ ਪੁਰਜਾ ਕੱਟ ਕੇ, ਕਰ ਦਿਓ ਖੁਆਰੀ।
ਮੇਰਾ ਖੂਨ ਡੋਹਲ ਕੇ ਰੰਗ ਦਿਉ, ਇਹ ਧਰਤੀ ਸਾਰੀ।
ਤੇ ਵੇਚੋ ਮੇਰੇ ਮਾਸ ਨੂੰ, ਵਿਚ ਗਲੀਂ ਬਜ਼ਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਇਉਂ ਆਜ਼ਾਦੀ ਨੂੰ ਵਿਆਹੇਗੀ, ਮੇਰੀ ਰੂਹ ਕੁਆਰੀ।
ਤੇ ਪੱਕੀ ਹੋ ਜਾਊ ਵਤਨ ਨਾਲ, ਮੇਰੀ ਲੱਗੂ ਯਾਰੀ।
ਇਉਂ ਅੰਗਰੇਜ਼ੀ ਸਾਮਰਾਜ ਨੂੰ, ਸੱਟ ਲੱਗੂ ਭਾਰੀ।
ਇਉਂ ਜੋਬਨ ਉੱਤੇ ਆਇਗੀ, ਭਾਰਤ ਫੁਲਵਾੜੀ।
ਮੈਂ ਕਿਉਂ ਨਾ ਆਪਣੇ ਵਤਨ ਦੀ, ਤਕਦੀਰ ਸੁਆਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਮੈਂ ਮੁਜਰਮ ਨਹੀਂ ਇਖਲਾਕ ਦਾ, ਮੈਂ ਵਤਨ ਪੁਜਾਰੀ।
ਮੈਂ ਜੋ ਕੁਝ ਕੀਤਾ ਵਤਨ ਲਈ ਭਾਰਤ ਹਿੱਤਕਾਰੀ।
ਮੇਰੇ ਹੱਡਾਂ ਦੀ ਸੁਆਹ ਘਲਿਓ, ਮੇਰੇ ਵਤਨ ਮਝਾਰੀ।
ਮੈਂ ਜੰਮਣ ਭੋਂ ਨੂੰ ਪਰਸ ਲਾਂ, ਫਿਰ ਅੰਤਮ ਵਾਰੀ।
ਮੇਰੇ ਰੋਮ ਰੋਮ ਚੋਂ ਉੱਠੀਆਂ, ਏਹੋ ਲਲਕਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

## ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਦਾ ਉਪਰਾਲਾ

### ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਮੈਰਿਟ ਸੂਚੀ ਵਿੱਚ ਆਏ ਅਤੇ ਹੋਣਹਾਰ ਵਿਦਿਆਰਥੀ ਸਨਮਾਨਤ

### ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨਾ ਸਮੇਂ ਦੀ ਮੁੱਖ ਲੋੜ : ਮੈਡਮ ਅੰਜਨਾ ਕੌਸ਼ਲ

### ਵਿਦਿਆਰਥੀ ਨਸ਼ਿਆਂ ਦੀ ਅਲਾਮਤਾਂ ਤੋਂ ਦੂਰ ਰਹਿਣ : ਗੁਰਚਰਨ ਸਿੰਘ ਬਰਾੜ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 31 ਜੁਲਾਈ : ਅੱਜ ਸਥਾਨਕ ਪੀ.ਐਮਸ਼੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਵਿਖੇ ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਕੋਟਕਪੂਰਾ ਵੱਲੋਂ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਅੱਠਵੀਂ ਅਤੇ ਦਸਵੀਂ ਜਮਾਤ ਦੀਆਂ ਸਲਾਨਾ ਪ੍ਰੀਖਿਆਵਾਂ ਵਿੱਚ ਮੈਰਿਟ ਸੂਚੀ ਵਿੱਚ ਆਉਣ ਵਾਲੇ 7 ਵਿਦਿਆਰਥੀਆਂ ਅਤੇ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਸਨਮਾਨ ਸਮਾਗਮ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਮੈਡਮ ਅੰਜਨਾ ਕੌਸ਼ਲ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ ਅਤੇ ਸੈਕੰਡਰੀ) ਫਰੀਦਕੋਟ ਅਤੇ ਵਿਸ਼ੇਸ਼ ਮਹਿਮਾਨ ਵਜੋਂ ਗੁਰਚਰਨ ਸਿੰਘ ਬਰਾੜ ਨਾਇਬ ਤਹਿਸੀਲਦਾਰ ਕੋਟਕਪੂਰਾ ਸ਼ਾਮਲ ਹੋਏ।ਸਮਾਗਮ ਨੂੰ ਸੰਬੋਧਨ ਕਰਦਿਆਂ ਸੁਸਾਇਟੀ ਦੇ ਮੀਤ ਪ੍ਰਧਾਨ ਪ੍ਰੇਮ ਚਾਵਲਾ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮਨਾਥ ਅਰੋੜਾ, ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਪ੍ਰੋ. ਹਰਬੰਸ ਸਿੰਘ ਪਦਮ ਨੇ ਸ਼ਹੀਦ ਊਧਮ ਸਿੰਘ ਜੀ ਦੇ ਧਰਮ ਨਿਰਪੱਖਤਾ ਵਾਲੇ ਸਿਧਾਂਤ ਅਤੇ ਆਜ਼ਾਦੀ ਸੰਗਰਾਮ ਵਿੱਚ ਪਾਏ ਗਏ ਯੋਗਦਾਨ ਸਬੰਧੀ ਅਤੇ ਹੋਰ ਵੱਖ ਵੱਖ ਵਿਸ਼ਿਆਂ ਤੇ





ਆਪਣੇ ਵਿਚਾਰ ਪੇਸ਼ ਕੀਤੇ।ਸਮਾਗਮ ਦੇ ਮੁੱਖ ਮਹਿਮਾਨ ਮੈਡਮ ਅੰਜਨਾ ਕੌਸ਼ਲ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਆਪਣੀ ਜ਼ਿੰਦਗੀ ਵਿੱਚ ਸਖ਼ਤ ਮਿਹਨਤ ਕਰਨ ਦਾ ਰਾਹ ਅਪਣਾਉਣ ਦਾ ਸੱਦਾ ਦਿੱਤਾ।ਉਹਨਾਂ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨਾ ਅੱਜ ਸਮੇਂ ਦੀ ਮੁੱਖ ਲੋੜ ਬਣ ਗਿਆ ਹੈ। ਉਹਨਾਂ ਕਿਹਾ ਕਿ ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਵਰਗੀਆਂ ਸਮਾਜਸੇਵੀ ਸੰਸਥਾਵਾਂ ਇਸ ਮਕਸਦ ਲਈ ਆਪਣਾ ਮਹੱਤਵਪੂਰਨ ਯੋਗਦਾਨ ਵੀ ਪਾ ਰਹੀਆਂ ਹਨ। ਸਮਾਗਮ ਦੇ ਵਿਸ਼ੇਸ਼ ਮਹਿਮਾਨ ਗੁਰਚਰਨ ਸਿੰਘ ਬਰਾੜ ਨਾਇਬ ਤਹਿਸੀਲਦਾਰ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰਹਿਣ ਤੋਂ ਦੂਰ ਰਹਿਣ ਅਤੇ ਵਾਤਾਵਰਨ ਦੀ ਸੰਭਾਲ ਲਈ ਅੱਗੇ ਆਉਣ ਦਾ ਸੱਦਾ ਦਿੱਤਾ।ਸਕੂਲ ਦੇ ਮੁੱਖ ਅਧਿਆਪਕ ਮੁਨੀਸ਼ ਕੁਮਾਰ ਛਾਬੜਾ ਨੇ ਸੋਸਾਇਟੀ ਅਤੇ ਸਾਰੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਸਾਇਟੀ ਦੇ ਮੁੱਖ ਆਹੁਦੇਦਾਰ ਮੁਖ਼ਤਿਆਰ ਸਿੰਘ ਮੱਤਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਸੁਪਰਡੈਂਟ ਸੁਰਿੰਦਰ ਸਿੰਘ ਸਦਿਓੜਾ, ਮਦਨ ਲਾਲ ਸ਼ਰਮਾ, ਡਾ. ਦੇਵ ਰਾਜ, ਡਾ. ਅਰਸ਼ਪ੍ਰੀਤ ਸਿੰਘ ਸਿੱਧੂ, ਲੈਕ. ਵਿਨੋਦ ਧਵਨ, ਜਸਕਰਨ ਸਿੰਘ ਭੱਟੀ, ਕੁਲਬੀਰ ਸਿੰਘ ਮੱਕੜ, ਪਰਮਜੀਤ ਸਿੰਘ ਪੰਮਾ ਮੱਕੜ, ਟਿੰਕੂ ਕੁਮਾਰ ਪੱਤਰਕਾਰ, ਦਿਲਪ੍ਰੀਤ ਸਿੰਘ ਬੱਬੂ, ਨਾਹਰ ਸਿੰਘ ਗਿੱਲ ਅਤੇ ਸਕੂਲ ਦੇ ਸਮੂਹ ਸਟਾਫ ਮੈਂਬਰਜ਼ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਸੁਸਾਇਟੀ ਵਲੋਂ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਨੂੰ ਯਾਦਗਾਰੀ ਚਿੰਨ ਨਾਲ ਸਨਮਾਨਿਤ ਕੀਤਾ ਗਿਆ।

## 31 ਜੁਲਾਈ ਨੂੰ ਸ਼ਹੀਦੀ ਦਿਵਸ ਤੇ ਊਧਮ ਸਿੰਘ ਦੀ ਲਲਕਾਰ



ਵਰਲਡ ਪੰਜਾਬੀ ਟਾਈਮਜ਼
ਦੀਵਾਨ ਸਿੰਘ ਮਹਿਰਮ

ਮੈਨੂੰ ਫੜ ਲਓ ਲੰਡਨ ਵਾਸੀਓ !
ਮੈਂ ਖੜਾ ਪੁਕਾਰਾਂ।

ਮੈਂ ਕਾਤਲ ਉਡਵਾਇਰ ਦਾ,
ਮੈਂ ਗੋਲੀ ਮਾਰੀ।
ਮੈਂ ਇਕਬਾਲੀ ਜੁਰਮ ਦਾ,
ਨਹੀਂ ਜਿੰਦ ਪਿਆਰੀ।
ਮੈਂ ਨੱਸਣਾ ਮੂਲ ਨਹੀਂ ਚਾਹੁੰਦਾ,
ਕੋਈ ਮਾਰ ਉਡਾਰੀ।
ਮੈਂ ਪੇਸ਼ ਕਰਾਂ ਖ਼ੁਦ ਆਪ ਨੂੰ,
ਕੋਈ ਨਹੀਂ ਲਾਚਾਰੀ।
ਮੈਂ ਉੱਚੀ ਉੱਚੀ ਬੋਲ ਕੇ,
ਲਾਉਂਦਾ ਹਾਂ ਟਾਹਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ !
ਮੈਂ ਖੜਾ ਪੁਕਾਰਾਂ।

ਮੈਂ ਵਾਸੀ ਦੇਸ ਪੰਜਾਬ ਦਾ,
ਜੋਧਾ ਬਲਕਾਰੀ।
ਮੇਰਾ ਊਧਮ ਸਿੰਘ ਏ ਨਾਮ ਸੁਣੋ,
ਸਾਰੇ ਨਰ ਨਾਰੀ।
ਮੈਂ ਆਇਆ ਦੂਰੋਂ ਚੱਲ ਕੇ,
ਕੱਟ ਮਨਜ਼ਲ ਭਾਰੀ।
ਮੈਂ ਦੁਸ਼ਮਣ ਦੀ ਹਿੱਕ ਸਾੜ ਕੇ,
ਅੱਜ ਛਾਤੀ ਠਾਰੀ।
ਮੇਰੀ ਸਫ਼ਲ ਹੋ ਗਈ ਯਾਤਰਾ,
ਲੱਖ ਸ਼ੁਕਰ ਗੁਜਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।

ਇਹ ਉਹ ਜ਼ਾਲਮ ਉਡਵਾਇਰ ਜੇ, ਜਿਹਦੀ ਕਥਾ ਨਿਆਰੀ।
ਜੋ ਜਲ੍ਹਿਆਂ ਵਾਲੇ ਬਾਗ ਦਾ, ਸੀ ਅੱਤਿਆਚਾਰੀ।
ਜਿਨ੍ਹ ਭੁੰਨੀ ਤੋਪਾਂ ਡਾਹ ਕੇ,
ਖਲਕਤ ਵੇਚਾਰੀ।
ਜਿਹਦੇ ਸਿਰ ਉੱਤੇ ਥਾਂ ਹੈਟ ਦੀ,
ਪਾਪ ਦੀ ਖਾਰੀ।
ਮੈਂ ਸੌਂਹ ਖਾਧੀ ਸੀ ਉਸ ਦਿਨ,
ਪਾਪੀ ਨੂੰ ਮਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ !
ਮੈਂ ਖੜਾ ਪੁਕਾਰਾਂ।

ਮੈਂ ਹਾਂ ਅਣਖੀਲਾ ਗਭਰੂ,
ਮੇਰੀ ਗੈਰਤ ਭਾਰੀ।
ਮੇਰੀ ਛਾਤੀ ਪਰਬਤ ਵਾਂਗਰਾਂ,
ਤੇ ਭੁਜਾ ਕਰਾਰੀ।
ਮੈਂ ਭਗਤ ਸਿੰਘ ਦਾ ਦਾਸ ਹਾਂ,
ਮੈਨੂੰ ਮੌਤ ਪਿਆਰੀ।
ਮੈਂ ਲੱਗ ਕੇ ਲੇਖੇ ਵਤਨ ਦੇ,
ਲੈਣੀ ਸਰਦਾਰੀ।
ਮੇਰੇ ਸੱਜਣ ਘਰ ਘਰ ਬੈਠ ਕੇ, ਗਾਵਨਗੇ ਵਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ !
ਮੈਂ ਖੜਾ ਪੁਕਾਰਾਂ।

ਮੈਂ ਮੋੜੀ ਭਾਜੀ ਦੇਸ ਦੀ,
ਕਰ ਕੇ ਹੁਸ਼ਿਆਰੀ।
ਇਉਂ ਜਗ ਵਿਚ ਅਣਖੀ ਸੂਰਮੇ,
ਲਾਹ ਲੈਂਦੇ ਵਾਰੀ।
ਮੇਰੀ ਰੂਹ ਨੂੰ ਮਾਰ ਨਹੀਂ ਸਕਦੀ,
ਕੋਈ ਛੁਰੀ ਕਟਾਰੀ।
ਮੇਰੀ ਮੌਤ 'ਚ ਜੀਵਨ ਕੌਮ ਦਾ,
ਮਰਨਾ ਗੁਣਕਾਰੀ।
ਮੈਂ ਸਬਰ ਵਿਖਾ ਕੇ ਗਜ਼ਬ ਦਾ,
ਲੱਖ ਜਬਰ ਸਹਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ !
ਮੈਂ ਖੜਾ ਪੁਕਾਰਾਂ।

ਮੈਂ ਦੋਸ਼ੀ ਵਤਨ ਪਿਆਰ ਦਾ,
ਮੈਨੂੰ ਚੜ੍ਹੀ ਖੁਮਾਰੀ।
ਮੈਨੂੰ ਵਿਚ ਸ਼ਕੰਜੇ ਕੱਸ ਕੇ,
ਸਿਰ ਫੇਰੋ ਆਰੀ।
ਮੇਰਾ ਪੁਰਜਾ ਪੁਰਜਾ ਕੱਟ ਕੇ,
ਕਰ ਦਿਓ ਖੁਆਰੀ।
ਮੇਰਾ ਖੂਨ ਡੋਹਲ ਕੇ ਰੰਗ ਦਿਉ,
ਇਹ ਧਰਤੀ ਸਾਰੀ।
ਤੇ ਵੇਚੋ ਮੇਰੇ ਮਾਸ ਨੂੰ,
ਵਿਚ ਗਲੀਂ ਬਜ਼ਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ !
ਮੈਂ ਖੜਾ ਪੁਕਾਰਾਂ।

ਇਉਂ ਆਜ਼ਾਦੀ ਨੂੰ ਵਿਆਹੇਗੀ,
ਮੇਰੀ ਰੂਹ ਕੁਆਰੀ।
ਤੇ ਪੱਕੀ ਹੋ ਜਾਊ ਵਤਨ ਨਾਲ,
ਮੇਰੀ ਲੱਗੂ ਯਾਰੀ।
ਇਉਂ ਅੰਗਰੇਜ਼ੀ ਸਾਮਰਾਜ ਨੂੰ,
ਸੱਟ ਲੱਗੂ ਭਾਰੀ।
ਇਉਂ ਜੋਬਨ ਉੱਤੇ ਆਇਗੀ,
ਭਾਰਤ ਫੁਲਵਾੜੀ।
ਮੈਂ ਕਿਉਂ ਨਾ ਆਪਣੇ ਵਤਨ ਦੀ, ਤਕਦੀਰ ਸੁਆਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ !
ਮੈਂ ਖੜਾ ਪੁਕਾਰਾਂ।

ਮੈਂ ਮੁਜਰਮ ਨਹੀਂ ਇਖਲਾਕ ਦਾ,
ਮੈਂ ਵਤਨ ਪੁਜਾਰੀ।
ਮੈਂ ਜੋ ਕੁਝ ਕੀਤਾ ਵਤਨ ਲਈ
ਭਾਰਤ ਹਿੱਤਕਾਰੀ।
ਮੇਰੇ ਹੱਡਾਂ ਦੀ ਸੁਆਹ ਘਲਿਓ,
ਮੇਰੇ ਵਤਨ ਮਝਾਰੀ।
ਮੈਂ ਜੰਮਣ ਭੋਂ ਨੂੰ ਪਰਸ ਲਾਂ,
ਫਿਰ ਅੰਤਮ ਵਾਰੀ।
ਮੇਰੇ ਰੋਮ ਰੋਮ ਚੋਂ ਉੱਠੀਆਂ,
ਏਹੋ ਲਲਕਾਰਾਂ।
ਮੈਨੂੰ ਫੜ ਲਓ ਲੰਡਨ ਵਾਸੀਓ ! ਮੈਂ ਖੜਾ ਪੁਕਾਰਾਂ।